# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਵਾਰਡ ਨੰ: 8 ਵਿਚ ਲੱਗੇ ਨਵੇਂ ਟਿਊਬਵੈਲ ਦੇ ਪਾਣੀ ਦੀ ਡਿਲਵਰੀ ਦਾ ਲਿਆ ਜਾਇਜਾ

ਹੁਸ਼ਿਆਰਪੁਰ 27 ਮਈ          ਨਗਰ ਨਿਗਮ ਦੇ ਵਾਰਡ ਨੰ: 8 ਵਿਖੇ ਪੀਣ ਵਾਲੇ ਪਾਣੀ ਦੇ ਲਗਾਏ ਗਏ ਨਵੇਂ ਟਿਊਬਵੈਲ ਨੂੰ ਪਾਵਰ ਕਾਰਪੋਰੇਸ਼ਨ ਵਲੋਂ ਬਿਜਲੀ ਦਾ ਕਨੈਕਸ਼ਨ ਦੇਣ ਉਪਰੰਤ ਉਸਨੂੰ ਚਾਲੂ ਕਰਨ ਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਮੌਕੇ ਤੇ ਜਾ ਕੇ ਟਿਊਬਵੈਲ ਦੇ ਪਾਣੀ ਦੀ ਡਿਲਵਰੀ ਸਬੰਧੀ ਦਾ ਜਾਇਜਾ ਲਿਆ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਐਸ.ਡੀ.ਓ ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਵਾਰਡ ਨੰ: 8 ਦੇ ਕੌਂਸਲਰ ਸੁਰੇਸ਼ ਕੁਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਮੇਅਰ ਸ਼ਿਵ ਸੂਦ ਅਤੇ ਸਬੰਧਤ ਅਧਿਕਾਰੀਆਂ ਵਲੋਂ ਟਿਊਬਵੈਲ ਰਾਹੀਂ ਪੀਣ ਵਾਲੇ ਪਾਣੀ ਹੋ ਰਹੀ ਡਿਲਵਰੀ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਮੇਅਰ ਸ਼ਿਵ ਸੂਦ ਨੇ ਅਧਿਕਾਰੀਆਂ ਨੂੰ ਕਿਹਾ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਇਸ ਟਿਊਬਵੈਲ ਦਾ ਕਨੈਕਸ਼ਨ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਨਾਲ ਜਲਦੀ ਤੋਂ ਜਲਦੀ ਜ਼ੋੜ ਕੇ ਮੁਹੱਲਾ ਵਾਸੀਆਂ ਨੂੰ ਪੀਣ ਵਾਲਾ ਪਾਣੀ ਮੁਹੱਈਆ ਕਰਵਾਇਆ ਜਾਵੇ ਉਹਨਾਂ ਦੱਸਿਆ ਕਿ ਇਸ ਟਿਊਬਵੈਲ ਦੇ ਚਾਲੂ ਹੋਣ ਨਾਲ ਵਾਰਡ ਨੰ: 8 ਬੁਲਾਂਵਾੜੀ ਦੇ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਨਾ ਕਰਨ ਅਤੇ ਇਸ ਦੀ ਵਰਤੋਂ ਸੰਜਮ ਨਾਲ ਕੀਤੀ ਜਾਵੇ ਤਾਂ ਜ਼ੋ ਸਾਰੇ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਪਾਣੀ ਨਿਰਵਿਘਨ ਮਿਲਦਾ ਰਹੇ।